**ਪ੍ਰੈਸ ਨੋਟ-1**
**1/21251/2020**
ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜਿਲਕਾ
ਕਿਸਾਨਾਂ ਨੂੰ ਸਮਾਂਬੱਧ ਢੰਗ ਨਾਲ ਅਦਾਇਗੀ ਕਰਨਾ ਯਕੀਨੀ ਬਣਾਉਣ ਅਧਿਕਾਰੀ-ਡਿਪਟੀ ਕਮਿਸ਼ਨਰ
ਮੰਡੀਆਂ ਵਿਖੇ ਹੁਣ ਤੱਕ 350391 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ -ਰਾਜਰਿਸ਼ੀ ਮਹਿਰਾ
*231499 ਮੀਟ੍ਰਿਕ ਟਨ ਕਣਕ ਦੀ ਲਿਫਟਿੰਗ ਹੋਈ
ਫ਼ਾਜ਼ਿਲਕਾ, 30 ਅਪ੍ਰੈਲ
ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਕਣਕ ਦੀ ਖਰੀਦ ਪ੍ਰਕਿਰਿਆ ਨੂੰ ਲੈ ਕੇ ਅੱਜ ਸਥਾਨਕ ਕੈਂਪ ਆਫਿਸ ਵਿਖੇ ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਮੀਟਿੰਗ ਦੌਰਾਨ ਸ. ਸੰਧੂ ਨੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਕਿਸਾਨਾਂ ਦੀ ਖਰੀਦ ਕੀਤੀ ਗਈ ਕਣਕ ਦੀ ਅਦਾਇਗੀ ਨੂੰ ਸਮਾਂਬੱਧ ਢੰਗ ਨਾਲ ਕਰਨ ਦੇ ਆਦੇਸ਼ ਜਾਰੀ ਕੀਤੇ। ਉਨ੍ਹਾਂ ਕਿਹਾ ਕਿ ਖਰੀਦ ਕੀਤੀ ਕਣਕ ਦੀ ਲਿਫਟਿੰਗ ਦੇ ਕੰਮ ਅੰਦਰ ਤੇਜੀ ਲਿਆਂਦੀ ਜਾਵੇ ਤਾਂ ਜੋ ਮੰਡੀਆਂ ਵਿੱਚ ਆਉਣ ਵਾਲੀ ਫਸਲ ਦੇ ਕਾਰਨ ਕੋਈ ਦਿੱਕਤ ਪੇਸ਼ ਨਾ ਆਵੇ।
ਇਸ ਮੌਕੇ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਰਾਜਰਿਸ਼ੀ ਮਹਿਰਾ ਨੇ ਸ. ਸੰਧੂ ਨੂੰ ਦੱਸਿਆ ਕਿ ਮੰਡੀਆਂ ਵਿਖੇ ਹੁਣ ਤੱਕ 350391 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ ਅਤੇ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 343111 ਮੀਟ੍ਰਿਕ ਟਨ ਕਣਕ ਦੀ ਖਰੀਦ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ 231499 ਮੀਟ੍ਰਿਕ ਟਨ ਕਣਕ ਦੀ ਲਿਫਟਿੰਗ ਕੀਤੀ ਜਾ ਚੁੱਕੀ ਹੈ।
ਉਨ੍ਹਾਂ ਦੱਸਿਆ ਕਿ ਬੀਤੇ ਦਿਨ 38460 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ, ਜਿਸ ਵਿਚੋਂ ਪਨਗਰੇਨ ਵੱਲੋਂ 13968 ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ 3425 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 9748 ਮੀਟ੍ਰਿਕ ਟਨ, ਪਨਸਪ ਵੱਲੋਂ 5760 ਮੀਟ੍ਰਿਕ ਟਨ ਅਤੇ ਪੰਜਾਬ ਵੇਅਰਹਾਊਸ ਵੱਲੋਂ 5559 ਮੀਟ੍ਰਿਕ ਟਨ ਕਣਕ ਖ਼ਰੀਦੀ ਗਈ ਹੈ

**ਪ੍ਰੈਸ ਨੋਟ-2**
**1/21299/2020**
ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ

ਸਿਹਤ ਵਿਭਾਗ ਵੱਲੋਂ ਕੋਵਿਡ-19 ਮਹਾਂਮਾਰੀ ਦੌਰਾਨ ਘਰਾਂ/ਦਫ਼ਤਰਾਂ ਤੇ ਹਸਪਤਾਲਾਂ
’ਚ ਏਅਰ ਕੰਡੀਸ਼ਨਰ ਦੀ ਵਰਤੋਂ ਸੰਬੰਧੀ ਅਡਵਾਇਜ਼ੀ ਜਾਰੀ

* ਕਰੋਨਾ ਵਿਰੁੱਧ ਲੜਾਈ ’ਤੇ ਜਿੱਤ ਪਾਉਣ ਲਈ ਸਿਹਤ ਵਿਭਾਗ ਦੇ ਦਿਸ਼ਾ-ਨਿਰਦੇਸ਼
ਦੀ ਪਾਲਣਾ ਯਕੀਨੀ ਬਣਾਉਣ ਲੋਕ-ਸਿਵਲ ਸਰਜਨ

ਫ਼ਾਜ਼ਿਲਕਾ, 30 ਅਪ੍ਰੈਲ

ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵਲੋਂ ਕੋਵਿਡ-19 ਮਹਾਂਮਾਰੀ ਦੌਰਾਨ ਘਰਾਂ/ਦਫ਼ਤਰਾਂ ਤੇ ਹਸਪਤਾਲਾਂ ਵਿੱਚ ਏਅਰ ਕੰਡੀਸ਼ਨਰ ਦੀ ਵਰਤੋਂ ਸੰਬੰਧੀ ਅਡਵਾਇਜ਼ਰੀ ਜਾਰੀ ਕੀਤੀ ਗਈ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ ਸੁਰਿੰਦਰ ਸਿੰਘ ਨੇ ਦੱਸਿਆ ਕਿ ਪਿੱਛਲੇ ਕੁਝ ਹਫ਼ਤਿਆਂ ਤੋਂ ਗਰਮੀ ਦੇ ਮੌਸਮ ਦੀ ਸ਼ੁਰੂਆਤ ਹੋਣ ਦੇ ਚੱਲਦੇ ਏਅਰ ਕੰਡੀਸ਼ਨਰਾਂ/ਕੂਲਰਾਂ ਦਾ ਕੋਵਿਡ-19 ਦੇ ਮੱਦੇਨਜ਼ਰ ਸੁਰੱਖਿਅਤ ਢੰਗ ਨਾਲ ਵਰਤੋਂ ਕਰਨ ਸੰਬੰਧੀ ਕੁਝ ਪੱਖ ਸਾਹਮਣੇ ਆਏ ਹਨ। ਉਨ੍ਹਾਂ ਦੱਸਿਆ ਕਿ ਏਅਰ ਕੰਡੀਸ਼ਨਰ ਇਕ ਕਮਰੇ ਵਿਚਲੀ ਹਵਾ ਨੂੰ ਘੁੰਮਾ ਕੇ (ਰੀ-ਸਰਕੁਲੇਟ) ਦੁਬਾਰਾ ਠੰਡਾ ਕਰਨ ਦੇ ਨਿਯਮ ’ਤੇ ਕੰਮ ਕਰਦਾ ਹੈ ਅਤੇ ਮੌਜੂਦਾ ਕੋਵਿਡ-19 ਦੀ ਸਥਿਤੀ ਵਿੱਚ ਏਅਰ ਕੰਡੀਸ਼ਨਰ ਦੀ ਵੱਡੇ ਸਥਾਨਾਂ ਜਿਵੇਂ ਕਿ ਸ਼ਾਪਿੰਗ ਮਾਲ, ਦਫ਼ਤਰ, ਹਸਪਤਾਲ ਆਦਿ ਵਿੱਚ ਵਰਤੋਂ ਦੇ ਨਾਲ ਲੋਕਾਂ ਨੂੰ ਖ਼ਤਰਾ ਹੋ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਇਸ ਦੇ ਚੱਲਦੇ ਸੂਬੇ ਵੱਲੋਂ ਅਜਿਹੀਆਂ ਸ਼ੰਕਾਵਾਂ ਨੂੰ ਦੂਰ ਕਰਨ ਲਈ ਏਅਰ ਕੰਡੀਸ਼ਨਰ/ਕੂਲਰਾਂ ਦੀ ਵੱਖ-ਵੱਖ ਥਾਵਾਂ ’ਤੇ ਵਰਤੋਂ ਸੰਬੰਧੀ ਨਿਰਦੇਸ਼ ਜਾਰੀ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ। ਵੱਖ-ਵੱਖ ਥਾਵਾਂ ’ਤੇ ਏ ਸੀ ਦੀ ਵਰਤੋਂ ਕਰਨ ਸੰਬੰਧੀ ਜ਼ਰੂਰੀ ਸਲਾਹਾਂ/ਦਿਸ਼ਾ ਨਿਰਦੇਸ਼ ਤਹਿਤ ਘਰੇਲੂ ਥਾਵਾਂ ਵਿੱਚ ਏਅਰ ਕੰਡੀਸ਼ਨਰ ਦੁਆਰਾ ਕਮਰੇ ਵਿੱਚ ਵਾਰ-ਵਾਰ ਘੁੰਮਣ ਵਾਲੀ ਹਵਾ ਵਿੱਚ ਬਾਹਰੀ ਤਾਜ਼ੀ ਹਵਾ ਦਾ ਮੇਲ ਜ਼ਰੂਰੀ ਹੈ, ਜਿਸ ਲਈ ਖਿੜਕੀ ਨੂੰ ਥੋੜਾ ਜਿਹਾ ਖੋਲ ਕੇ ਰੱਖਿਆ ਜਾ ਸਕਦਾ ਹੈ ਤਾਂ ਜੋ ਕੁਦਰਤੀ ਹਵਾ ਕਮਰੇ ਵਿੱਚ ਦਾਖਿਲ ਹੋ ਸਕੇ ਅਤੇ ਬੰਦ ਹਵਾ ਨੂੰ ਬਾਹਰ ਜਾਣ ਦਾ ਰਸਤਾ ਮਿਲ ਪਾਵੇ। ਕਮਰੇ ਦਾ ਤਾਪਮਾਨ 24 ਤੋਂ 27 ਡਿਗਰੀ ਸੈਲਸੀਅਸ ਵਿੱਚ ਸੈੱਟ ਕੀਤਾ ਜਾਵੇ ਅਤੇ ਨਮੀਂ (ਹਿਊਮੀਡਿਟੀ) 40 ਤੋਂ 70 ਪ੍ਰਤੀਸ਼ਤ ਵਿੱਚ ਰੱਖੀ ਜਾਵੇ। ਏਅਰ ਕੰਡੀਸ਼ਨਰ ਦੀ ਸਮੇਂ-ਸਮੇਂ ਸਿਰ ’ਤੇ ਸਰਵਿਸ ਕਰਵਾਈ ਜਾਵੇ ਤਾਂ ਜੋ ਫਿਲਟਰ ਸਾਫ਼ ਰਹਿਣ। ਜ਼ਿਆਦਾ ਲੋਕਾਂ ਵਾਲੇ ਕਮਰੇ ਵਿੱਚ ਹਵਾ ਬਾਹਰ ਕੱਢਣ ਵਾਲਾ ਪੱਖਾ (ਐਗਜ਼ਾਸਟਫੈਨ) ਲਗਾਇਆ ਜਾ ਸਕਦਾ ਹੈ, ਜਿਸ ਨਾਲ ਕਮਰੇ ਵਿੱਚ ਨੈਗੇਟਿਵ ਪ੍ਰੈਸ਼ਰ ਬਣੇ ਅਤੇ ਕਮਰੇ ਵਿੱਚ ਘੁੰਮ ਰਹੀ ਹਵਾ ਨੂੰ ਸਮੇਂ-ਸਮੇਂ ਤੇ ਬਾਹਰ ਕੱਢਿਆ ਜਾਵੇ।

ਅਵੈਪੋਰੇਟਿਵ/ਡੈਜ਼ਰਟ ਏਅਰ ਕੂਲਰ ਬਾਰੇ ਦੱਸਦਿਆਂ ਉਨ੍ਹਾਂ ਕਿਹਾ ਕਿ ਧੂੜ-ਮਿੱਟੀ ਨੂੰ ਅੰਦਰ ਨਾ ਆਉਣ ਦਿੱਤਾ ਜਾਵੇ ਅਤੇ ਸਾਫ਼-ਸਫ਼ਾਈ (ਹਾਈਜੀਨ) ਰੱਖੀ ਜਾਵੇ। ਅਵੈਪੋਰੇਟਿਵ ਕੂਲਰਾਂ ਦੇ ਟੈਂਕਾਂ ਨੂੰ ਸਾਫ਼ ਤੇ ਰੋਗਾਣੂ ਮੁਕਤ ਕਰਨਾ ਜ਼ਰੂਰੀ ਹੈ ਅਤੇ ਸਮੇਂ-ਸਮੇਂ ਤੇ ਪਾਣੀ ਨੂੰ ਤਾਜ਼ਾ ਪਾਣੀ ਭਰ ਕੇ ਬਦਲਿਆ ਜਾਵੇ। ਇਸ ਦੇ ਪਾਣੀ ਵਾਲੇ ਟੈਂਕ ਨੂੰ ਖਾਲੀ ਕਰਕੇ ਕਿਸੇ ਸਾਫ਼ ਕੱਪੜੇ, ਸਪੰਜ ਅਤੇ ਗਰਮ ਪਾਣੀ ਨਾਲ ਸਾਫ਼ (ਪੂੰਜਿਆ) ਕੀਤਾ ਜਾਵੇ ਤਾਂ ਜੋ ਪਿੱਛਲੀ ਸਫ਼ਾਈ ਦੇ ਸਮੇਂ ਤੋਂ ਬਾਅਦ ਜਮਾਂ ਹੋਈ ਗੰਦਗੀ ਨੂੰ ਸਾਫ਼ ਕੀਤਾ ਜਾ ਸਕੇ। ਇਸ ਤੋਂ ਇਲਾਵਾ ਟੈਂਕ ਨੂੰ ਹਲਕੇ ਸਾਬਣ ਵਾਲੇ ਪਾਣੀ ਦਾ ਇਸਤੇਮਾਲ ਕਰਨ ਉਪਰੰਤ ਸਾਫ਼ ਤਾਜ਼ੇ ਪਾਣੀ ਨਾਲ ਧੋਇਆ ਜਾ ਸਕਦਾ ਹੈ। ਸਹੀ ਵੈਂਟੀਲੇਸ਼ਨ ਲਈ ਅਵੈਪੋਰੇਟਿਵ ਕੂਲਰ ਵਿੱਚ ਬਾਹਰ ਦੀ ਤਾਜ਼ਾ ਹਵਾ ਆਉਣਾ ਜ਼ਰੂਰੀ ਹੈ। ਡਾ ਸੁਰਿੰਦਰ ਸਿੰਘ ਨੇ ਕਿਹਾ ਕਿ ਪੱਖਿਆਂ ਨੂੰ ਚਲਾਉਣ ਸਮੇਂ ਵੀ ਖਿੜਕੀਆਂ ਨੂੰ ਥੋੜਾ ਜਿਹਾ ਖੋਲ ਕੇ ਰੱਖਿਆ ਜਾਵੇ। ਜੇਕਰ ਨਜ਼ਦੀਕ ਹੀ ਕੋਈ ਐਗਜ਼ਾਸਟ ਫੈਨ ਲੱਗਿਆ ਹੈ ਤਾਂ ਉਸਨੂੰ ਚੱਲਦਾ ਰੱਖੋ ਤਾਂ ਜੋ ਹਵਾ ਦਾ ਬਿਹਤਰ ਵਹਾਅ ਹੋ ਸਕੇ। ਉਨ੍ਹਾਂ ਕਿਹਾ ਕਿ ਵਪਾਰਿਕ (ਕਮਰਸ਼ੀਅਲ) ਤੇ ਉਦਯੋਗਿਕ (ਇੰਡਸਟਰੀਅਲ) ਥਾਵਾਂ ਵਿਖੇ ਹਵਾ ਵਿੱਚ ਫ਼ੈਲਾਅ ਨੂੰ ਘੱਟੋ-ਘੱਟ ਰੱਖਣ

ਲਈ ਜ਼ਰੂਰੀ ਹੈ ਕਿ ਅੰਦਰੂਨੀ ਵਾਤਾਵਰਣ ਵਿੱਚ ਵੱਧ ਤੋਂ ਵੱਧ ਬਾਹਰੀ ਹਵਾ ਆਏ। ਸਿਰਫ਼ ਖਿੜਕੀਆਂ ਖੋਲਣ ਦੀ ਜਗਹ 'ਤੇ ਜੇਕਰ ਵੈਂਟੀਲੇਸ਼ਨ ਵਾਲਾ ਮਕੈਨੀਕਲ ਵੈਂਟੀਲੇਸ਼ਨ ਸਿਸਟਮਜ਼ ਅਤੇ ਏਅਰ ਕੰਡੀਸ਼ਨਿੰਗ ਸਿਸਟਮਜ਼ ਹੋਵੇ ਤਾਂ ਜ਼ਿਆਦਾ ਬਿਹਤਰ ਤਰੀਕੇ ਨਾਲ ਬਾਹਰੀ ਹਵਾ ਨੂੰ ਫਿਲਟਰ ਕਰਕੇ ਅੰਦਰੂਨੀ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਲਿਆਇਆ ਜਾ ਸਕਦਾ ਹੈ। ਜੇਕਰ ਤਾਜ਼ੀ ਹਵਾ ਉਪਲਬੱਧ ਨਹੀ ਹੋ ਰਹੀ ਹੋਵੇ ਤਾਂ ਇਹ ਸਿਫਾਰਿਸ਼ ਕੀਤੀ ਜਾਂਦੀ ਹੈ ਕਿ ਤਾਜ਼ੀ ਹਵਾ ਲਈ ਸੈਂਟਰਲ ਇਨਲਾਈਨ ਫੈਨ ਫਿਲਟਰ ਯੂਨਿਟ ਨਾਲ ਇੱਕ ਏਅਰ ਡਕਟ (ਹਵਾ ਵਾਲੀ ਪਾਈਪ) ਜੋੜ ਦਿੱਤੀ ਜਾਵੇ ਅਤੇ ਜੇਕਰ ਮਲਟੀਪਲ ਕੈਸੇਟ ਜਾਂ ਮਲਟੀਪਲ ਹਾਈ ਵਾਲ ਯੂਨਿਟ ਹੋਣ ਤਾਂ ਤਾਜ਼ੀ ਹਵਾ ਨੂੰ ਗਰਿਲਾਂ ਰਾਹੀਂ ਅੰਦਰੂਨੀ ਖੇਤਰ ਵਿੱਚ ਜਾਂ ਉਸਦੇ ਨਜ਼ਦੀਕ ਪਹੁੰਚਾਇਆ ਜਾ ਸਕਦਾ ਹੈ। ਜਿਹੜੀਆਂ ਇਮਾਰਤਾਂ ਵਿੱਚ ਮਕੈਨੀਕਲ ਵੈਂਟੀਲੇਸ਼ਨ ਸਿਸਟਮ ਨਹੀਂ ਹੈ। ਉਨਾਂ ਵਿੱਚ ਖੁੱਲਣ ਵਾਲੀਆਂ ਖਿੜਕੀਆਂ ਦਾ ਉਪਯੋਗ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ।

ਉਨ੍ਹਾਂ ਕਿਹਾ ਕਿ ਸਿਹਤ ਸੰਸਥਾਵਾਂ ਵਿੱਚ ਖ਼ਾਸ ਤੌਰ 'ਤੇ ਕੋਵਿਡ-19 ਵਾਰਡਾਂ ਜਾਂ ਆਈਸੋਲੇਸ਼ਨ ਸੈਂਟਰਾਂ ਵਿੱਚ ਸੰਕਰਮਣ ਫ਼ੈਲਣ ਦਾ ਖ਼ਤਰਾ ਜ਼ਿਆਦਾ ਰਹਿੰਦਾ ਹੈ। ਇਸ ਲਈ ਸਲਾਹ ਦਿੱਤੀ ਜਾਂਦੀ ਹੈ ਕਿ ਇਨਾਂ ਖੇਤਰਾਂ ਵਿੱਚ ਬਾਕੀ ਸਾਰੇ ਹਸਪਤਾਲ ਜਾਂ ਬਿਲਡਿੰਗ ਨਾਲੋਂ ਏਅਰ ਕੰਡੀਸ਼ਨਿੰਗ ਸਿਸਟਮ ਵੱਖਰਾ ਹੋਵੇ ਤਾਂ ਜੋ ਸੰਭਾਵਿਤ ਸੰਕ੍ਰਮਿਤ ਹਵਾ ਜਾਂ ਛਿੱਟਿਆਂ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਉਹ ਕੁਝ ਥਾਵਾਂ ਜਿਥੇ ਵੱਖਰੀ ਏਅਰ ਕੰਡੀਸ਼ਨਿੰਗ ਨਹੀਂ ਕੀਤੀ ਜਾ ਸਕਦੀ। ਉਥੇ ਇਕੱਠੀ ਹੋਈ ਬਾਹਰ ਜਾਣ ਵਾਲੀ ਹਵਾ ਵਿੱਚ ਸੰਕ੍ਰਮਿਤ ਰੋਗਾਣੂ ਹੋਣ ਦੀ ਸੰਭਾਵਨਾ ਰਹਿੰਦੀ ਹੈ ਅਤੇ ਇਸ ਲਈ ਉਪਯੁਕਤ ਤਕਨੀਕ ਦੀ ਵਰਤੋਂ ਕਰਕੇ ਸੰਕ੍ਰਮਣ ਨੂੰ ਫੈਲਣ ਦੇ ਖ਼ਤਰੇ ਤੋਂ ਬਚਾਅ ਕੀਤਾ ਜਾ ਸਕਦਾ ਹੈ। ਕੋਵਿਡ-19 ਪ੍ਰਭਾਵਿਤ ਮਰੀਜ ਦੇ ਕਮਰੇ ਦੀ ਐਗਜ਼ਾਸਟ ਹਵਾ ਦਾ ਟਰੀਟਮੈਂਟ, ਹੈਪਾ-ਫਿਲਟਰੇਸ਼ਨ ਜਾਂ ਕੈਮੀਕਲ ਡਿਸਇਨਫੈਕਸ਼ਨ ਨਾਲ ਕੀਤਾ ਜਾ ਸਕਦਾ ਹੈ, ਹਵਾ ਦੀ ਬਬਲਿੰਗ ਕਰਨ ਲਈ ਗੈਰ ਧਾਤੂ ਮਟੀਰੀਅਲ ਵਾਲੇ ਡਿਫਿਉੂਜ਼ਡ ਏਅਰ ਏਰੀਏਟਰ ਟੈਂਕ ਦਾ ਇਸਤੇਮਾਲ ਕੀਤਾ ਜਾ ਸਕਦਾ ਹੈ, ਜਿਸ ਵਿੱਚ 1 ਪ੍ਰਤੀਸ਼ਤ ਸੋਡੀਅਮ ਹਾਈਪੋਕਲੋਰਾਈਟ ਸੋਲਿਓਸ਼ਨਸ ਦੀ ਵਰਤੋਂ ਕੀਤੀ ਜਾਵੇ।

ਇਸ ਮੋਕੇ ਜ਼ਿਲਾ ਮਾਸ ਮੀਡੀਆ ਅਫਸਰ ਅਨਿਲ ਧਾਮੂ ਨੇ ਦੱਸਿਆ ਕਿ ਐਗਜ਼ਾਸਟ ਸਿਸਟਮ ਵਿੱਚ ਐਕਟਿਵ ਵਾਇਰਲ ਪਾਰਟੀਕਲ ਮੌਜੂਦ ਹੋਣ ਦੀ ਸੰਭਾਵਨਾ ਦੇ ਚੱਲਦੇ ਇਹ ਸਿਫਾਰਿਸ਼ ਕੀਤੀ ਜਾਂਦੀ ਹੈ ਕਿ ਐਗਜ਼ਾਸਟ ਸਿਸਟਮ ਦੀ ਮੇਂਟੀਨੈਂਸ ਦੇ ਸਮੇਂ ਉਪਯੁਕਤ ਨਿੱਜੀ ਅਤੇ ਵਾਤਾਵਰਣ ਸੁਰੱਖਿਆ ਨਿਯਮਾਵਲੀ ਦੀ ਪਾਲਣਾ ਕੀਤੀ ਜਾਵੇ। ਕੋਵਿਡ-19 ਦੇ ਕਣਾਂ ਤੋਂ ਬਚਾਅ ਲਈ ਸੀਮਿਤ ਸਰੋਤਾਂ ਵਾਲੇ ਸਥਾਨਾਂ ਤੇ ਆਈਸੋਲੇਸ਼ਨ ਲਈ ਕੁਝ ਅਸਥਾਈ ਦੀਵਾਰਾਂ ਬਣਾ ਕੇ ਸੁਰੱਖਿਆ ਪ੍ਰਦਾਨ ਕੀਤੀ ਜਾ ਸਕਦੀ ਹੈ। ਇਹ ਅਸਥਾਈ ਢਾਂਚੇ ਵਾਲੇ ਟੈਂਟ ਜਾਂ ਕਿਓਬੀਕਲ (ਪਲਾਸਟਿਕ ਜਾਂ ਧਾਤੂ) ਨੂੰ ਪਲਾਸਟਿਕ ਸ਼ੀਟ ਜਾਂ ਕੈਨਵਸ ਕਵਰ ਦਾ ਇਸਤੇਮਾਲ ਕਰਕੇ ਬਣਾਇਆ ਜਾ ਸਕਦਾ ਹੈ।

ਉਨ੍ਹਾਂ ਕਿਹਾ ਕਿ ਏਕਾਂਤਵਾਸ ਕੇਂਦਰ ਹਵਾਦਾਰ ਹੋਣੇ ਚਾਹੀਦੇ ਹਨ ਅਤੇ ਨੈਗੇਟਿਵ ਜਾਂ ਨਿਊਟ੍ਰਲ ਪ੍ਰੈਸ਼ਰ ਤੇ ਮੈਂਟੇਨ ਹੋਣੇ ਚਾਹੀਦੇ ਹਨ। ਜਦੋਂ ਮਕੈਨੀਕਲ ਵੈਂਟੀਲੇਸ਼ਨ ਦੀ ਵਰਤੋਂ ਕੀਤੀ ਜਾਵੇ ਤਾਂ ਇੱਕ ਵਾਰ ਵਰਤੋਂ ਵਾਲਾ ਹੋਣਾ ਚਾਹੀਦਾ ਹੈ, ਜੋ ਕਿ ਸਾਫ਼ ਤੋਂ ਗੰਦੀ (ਮਰੀਜਾਂ ਵੱਲ ਸਾਫ਼ ਅਤੇ ਐਗਜ਼ਾਸਟ ਵੱਲ ਗੰਦੀ) ਹਵਾ ਲੈ ਜਾਣ ਦੇ ਵਹਾਅ ਦੇ ਤਰੀਕੇ ਅਨੁਸਾਰ ਕੰਮ ਵਿੱਚ ਲਿਆਂਦਾ ਜਾਵੇ। ਯੂਨਿਟਾਂ ਦਾ ਬਚਾਅ ਮੈਨੂਫੈਕਚਰਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਕੀਤੀ ਜਾਵੇ। ਜਿਸ ਵਿੱਚ ਡਿਸਇਨਫੇਕਸ਼ਨ ਅਤੇ ਸਫ਼ਾਈ ਦਾ ਹਦਾਇਤਾਂ ਅਨੁਸਾਰ ਧਿਆਨ ਰੱਖਿਆ ਜਾਵੇ। ਡਾ ਸੁਰਿੰਦਰ ਸਿੰਘ ਨੇ ਅਪੀਲ ਕਰਦੇ ਹੋਏ ਕਿਹਾ ਕਿ ਆਉ ਸਾਰੇ ਮਿਲ ਕੇ ਇਨ੍ਹਾਂ ਹਦਾਇਤਾਂ ਦੀ ਪਾਲਣਾ ਕਰੀਏ ਤੇ ਕਰੋਨਾ ਵਿਰੁੱਧ ਹਰ ਮੋਰਚੇ 'ਤੇ ਲੜਾਈ ਜਿਤੀ ਜਾ ਸਕੇ।

**ਪ੍ਰੈਸ ਨੋਟ-3**
**1/21308/3030**
ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ
ਨਗਰ ਕੌਂਸਲ ਫ਼ਾਜ਼ਿਲਕਾ ਵੱਲੋਂ ਸੋਡੀਅਡ ਹਾਈਪੋਕਲੋਰਾਈਟ ਦਵਾਈ ਦਾ ਛਿੜਕਾਅ
ਅਤੇ ਫੌਗਿੰਗ ਕਰਵਾਉਣ ਦੀ ਪ੍ਰਕਿਰਿਆ ਲਗਾਤਾਰ ਜਾਰੀ
ਫਾਜ਼ਿਲਕਾ, 30 ਅਪ੍ਰੈਲ
ਕੋਵਿਡ-19 ਮਹਾਂਮਾਰੀ ਦੇ ਪ੍ਰਕੋਪ ਨੂੰ ਫੈਲਣ ਤੋਂ ਰੋਕਣ ਲਈ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਦੇ ਦਿਸ਼ਾ-ਨਿਰਦੇਸ਼ਾਂ ’ਤੇ ਜ਼ਿਲ੍ਹਾ ਪ੍ਰਸ਼ਾਸਨ ਸਮੇਤ ਵੱਖ-ਵੱਖ ਵਿਭਾਗਾਂ ਵੱਲਂ ਗਤੀਵਿਧੀਆਂ ਆਯੋਜਿਤ ਕੀਤੀਆਂ ਜਾ ਰਹੀਆਂ ਹਨ। ਕਾਰਜ ਸਾਧਕ ਅਫ਼ਸਰ ਰਜਨੀਸ਼ ਕੁਮਾਰ ਨੇ ਦੱਸਿਆ ਕਿ ਨਗਰ ਕੌਂਸਲ ਫ਼ਾਜ਼ਿਲਕਾ ਵੱਲੋਂ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਸੋਡੀਅਡ ਹਾਈਪੋਕਲੋਰਾਈਟ ਦਵਾਈ ਦਾ ਛਿੜਕਾਅ ਅਤੇ ਸ਼ਹਿਰ ਅੰਦਰ ਫੌਗਿੰਗ ਕਰਵਾਉਣ ਦੀ ਪ੍ਰਕਿਰਿਆ ਲਗਾਤਾਰ ਜਾਰੀ ਹੈ।
ਉਨ੍ਹਾਂ ਦੱਸਿਆ ਕਿ ਸੈਨੇਟਰੀ ਇੰਸਪੈਕਟਰ ਨਰੇਸ਼ ਕੁਮਾਰ ਖੇੜਾ ਦੀ ਅਗਵਾਈ ਹੇਠ ਨਿਯੁਕਤ ਕੀਤੀਆਂ ਟੀਮਾਂ ਰੋਜ਼ਾਨਾ ਸ਼ਹਿਰ ਦੀਆਂ ਵੱਖ-ਵੱਖ ਵਾਰਡਾਂ ’ਚ ਪਹੁੰਚ ਕਰਕੇ ਸੈਨੇਟਾਈਜ਼ਰ ਅਤੇ ਫੌਗਿੰਗ ਦੇ ਕੰਮ ਨੂੰ ਉਚੇਚੇ ਤੌਰ ’ਤੇ ਨੇਪਰੇ ਚੜ੍ਹਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਉਨ ਬਜ਼ਾਰ, ਘੰਟਾ ਘਰ ਤੋਂ ਇਲਾਵਾ ਸ਼ਹਿਰ ਦੇ ਹੋਰ ਵੱਖ-ਵੱਖ ਹਿੱਸਿਆਂ ਵਿੱਚ ਸੋਡੀਅਮ ਹਾਈਪੋਕਲੋਰਾਈਟ ਦਵਾਈ ਦਾ ਛਿੜਕਾਅ ਕਰਕੇ ਸੈਨੇਟਾਈਜ਼ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਸਿਵਲ ਲਾਈਨ ਤੇ ਗਾਂਧੀ ਨਗਰ ਵਿਖੇ ਫੋਗਿੰਗ ਕਰਵਾਈ ਗਈ ਤਾਂ ਜੋ ਮੱਛਰਾਂ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਿਆ ਜਾ ਸਕੇ।

**ਪ੍ਰੈਸ ਨੋਟ-4**
**1/21320/2020**
ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ
ਬੀਤੀ ਰਾਤਪੰਜਾਬ ਸਰਕਾਰ ਦੇ ਉਪਰਾਲਿਆ ਸਦਕਾ ਸ਼੍ਰੀ ਹਜ਼ੂਰ ਸਾਹਿਬ ਤੋਂ
ਫਾਜ਼ਿਲਕਾ ਵਾਪਸ ਪਰਤੇ 66 ਸ਼ਰਧਾਲੂ-ਡਿਪਟੀ ਕਮਿਸ਼ਨਰ
*ਜ਼ਿਲ੍ਹੇ ਦੇ ਕੁੱਲ 75 ਸ਼ਰਧਾਲੂਆਂ ਦੀ ਹਜ਼ੂਰ ਸਾਹਿਬ ਤੋਂ ਹੋਈ ਵਾਪਸੀ
*ਸ਼ਰਧਾਲੂਆਂ ਨੂੰ ਅਬੋਹਰ ਦੇ ਮੇਜਰ ਸੁਰਿੰਦਰ ਮੈਮੋਰੀਅਲ ਹਸਪਤਾਲ, ਰਾਮਸਰਾ ਦੇ ਕਮਿਊਨਟੀ ਸੈਂਟਰ ਅਤੇ ਨਸ਼ਾ ਛੁਡਾਊ ਕੇਂਦਰ ਫਾਜ਼ਿਲਕਾ ’ਚ ਕੀਤਾ ਕੋਆਰਨਟਾਈਨ
*ਸਿਹਤ ਵਿਭਾਗ ਵਲੋਂ ਸਕਰੀਨਿੰਗ ਤੋਂ ਬਾਅਦ ਸਾਰੇ ਸ਼ਰਧਾਲੂਆਂ ਦੀ ਸੈਂਪਲਿੰਗ ਸ਼ੁਰੂ
ਫਾਜ਼ਿਲਕਾ, 30 ਅਪ੍ਰੈਲ :
ਕੋਵਿਡ-19 ਨੂੰ ਲੈ ਕੇ ਦੇਸ਼ ਭਰ ਵਿੱਚ ਚੱਲ ਰਹੇ ਲਾਕਡਾਊਨ ਕਰਕੇ ਤਖਤ ਸ਼੍ਰੀ ਹਜ਼ੂਰ ਸਾਹਿਬ ਦੇ ਦਰਸ਼ਨਾਂ ਲਈ ਨੰਦੇੜ (ਮਹਾਰਾਸ਼ਟਰ) ਫਸੇ ਜ਼ਿਲ੍ਹਾ ਫਾਜ਼ਿਲਕਾ ਦੇ 66 ਸ਼ਰਧਾਲੂ ਬੀਤੇ ਦਿਨੀ ਦੇਰ ਰਾਤ ਪਹੰੁਚੇ। ਪੰਜਾਬ ਸਰਕਾਰ ਦੇ ਉਪਰਾਲਿਆ ਸਦਕਾ ਸਾਰੇ ਸ਼ਰਧਾਲੂਆਂ ਬੱਸਾਂ ਰਾਹੀ ਮੁਫ਼ਤ ਲਿਆਦਾਂ ਗਿਆ ਹੈ।
ਡਿਪਟੀ ਕਮਿਸ਼ਨਰ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਬਾਹਰੋ ਆਏ 23 ਸ਼ਰਧਾਲੂਆਂ ਨੂੰ ਅਬੋਹਰ ਦੇ ਮੇਜਰ ਸੁਰਿੰਦਰ ਮੈਮੋਰੀਅਲ ਹਸਪਤਾਲ, 35 ਰਾਮਸਰਾ ਦੇ ਕਮਿਊਨਟੀ ਹੈਲਥ ਸੈਂਟਰ ਅਤੇ 8 ਫਾਜ਼ਿਲਕਾ ਦੇ ਨਸ਼ਾ

ਛੁਡਾਊ ਕੇਂਦਰ 'ਚ  ਕੋਆਰਨਟਾਈਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ  ਸਿਹਤ ਜਾਂਚ ਤੋਂ ਬਾਅਦ ਸਾਰੇ ਸ਼ਰਧਾਲੂਆਂ ਦੇ ਸੈਂਪਲ ਲਏ ਜਾ ਰਹੇ ਹਨ, ਰਿਪੋਰਟ ਆਉਣ ਤੋਂ ਬਾਅਦ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾ 27 ਅਪ੍ਰੈਲ ਨੂੰ 9 ਸ਼ਰਧਾਲੂ ਹਜ਼ੂਰ ਸਾਹਿਬ ਤੋਂ ਆਏ ਸੀ, ਜਿਨ੍ਹਾਂ ਦੇ ਸੈਂਪਲ ਲੈ ਲਏ ਗਏ ਹਨ ਅਤੇ ਰਿਪੋਰਟ ਆਉਣ ਬਾਕੀ ਹੈ।

ਉਨ੍ਹਾਂ ਦੱਸਿਆ ਕਿ ਕੋਵਿਡ ਕੇਅਰ ਸੈਂਟਰਾਂ ਵਿੱਚ ਸ਼ਰਧਾਲੂਆਂ ਦੀ ਸੁਵਿਧਾ ਲਈ ਸਾਰੀਆਂ ਜ਼ਰੂਰੀ ਸਾਵਧਾਨੀਆਂ ਦੇ ਨਾਲ ਪੁਖਤਾ ਪ੍ਰਬੰਧ ਕੀਤੇ ਗਏ ਹਨ। ਸੈਂਟਰ ਵਿੱਚ ਸਮਾਜਿਕ ਦੂਰੀ ਦੇ ਨਾਲ-ਨਾਲ ਹਰ ਜ਼ਰੂਰੀ ਸਾਵਧਾਨੀ ਅਪਣਾਈ ਜਾ ਰਹੀ ਹੈ, ਜਿਸ ਲਈ ਸਿਹਤ ਵਿਭਾਗ ਵਲੋਂ ਵਿਸ਼ੇਸ਼ ਟੀਮ ਵੀ ਤਿਆਰ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਨੈਗੇਟਿਵ ਸੈਂਪਲ ਆਉਣ 'ਤੇ ਸ਼ਰਧਾਲੂਆਂ ਨੂੰ ਉਨ੍ਹਾਂ ਦੇ ਘਰਾਂ ਵਿੱਚ ਇਕਾਂਤਵਾਸ ਵਿੱਚ ਰੱਖਿਆ ਜਾਵੇਗਾ ਅਤੇ ਜੇਕਰ ਕਿਸੇ ਸ਼ਰਧਾਲੂ ਦਾ ਸੈਂਪਲ ਪੋਜ਼ੀਟਿਵ ਆਉਂਦਾ ਹੈ, ਤਾਂ ਉਨ੍ਹਾਂ ਨੂੰ ਸਬੰਧਤ ਸਿਵਲ ਹਸਪਤਾਲ ਦੇ ਆਈਸੋਲੇਸ਼ਨ ਵਾਰਡ ਵਿੱਚ ਇਲਾਜ ਲਈ ਰੱਖਿਆ ਜਾਵੇਗਾ।

**ਪ੍ਰੈਸ ਨੋਟ-5**
**1/21349/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫਤਰ, ਫਾਜ਼ਿਲਕਾ

ਕੋਟਾ ਤੋਂ ਫ਼ਾਜ਼ਿਲਕਾ ਆਏ 13 ਵਿਦਿਆਰਥੀਆਂ ਦੇ ਸੈਂਪਲਾਂ ਦੀ

ਰਿਪੋਰਟ ਆਈ ਨੈਗੇਟਿਵ-ਸਿਵਲ ਸਰਜਨ

*448 ਨਤੀਜਿਆਂ ਦੀ ਰਿਪੋਰਟ ਨੈਗੇਟਿਵ, 75 ਸੈਂਪਲਾਂ ਦੀ ਰਿਪੋਰਟ ਆਉਣੀ ਬਾਕੀ

ਫਾਜ਼ਿਲਕਾ, 30 ਅਪ੍ਰੈਲ

ਬੀਤੀ 27 ਅਪ੍ਰੈਲ ਨੂੰ ਰਾਜਸਥਾਨ ਦੀ ਸਿਖਿਆ ਨਗਰੀ ਕੋਟਾ ਵਿਖੇ ਤਾਲਾਬੰਦੀ/ਕਰਫਿਊ ਦੇ ਕਾਰਣ ਆਪਣੇ ਪਰਿਵਾਰਾਂ ਤੋਂ ਦੂਰ ਫਸੇ ਜ਼ਿਲ੍ਹਾ ਫ਼ਾਜਿਲਕਾ ਦੇ 13 ਵਿਦਿਆਰਥੀ ਪੰਜਾਬ ਸਰਕਾਰ ਵੱਲੋਂ ਭੇਜੀਆਂ ਬੱਸਾਂ ਰਾਹੀਂ ਵਾਪਸ ਪਰਤੇ ਸੀ। ਸਿਵਲ ਸਰਜਨ ਡਾ. ਸੁਰਿੰਦਰ ਸਿੰਘ ਨੇ ਦੱਸਿਆ ਕਿ 27 ਅਪ੍ਰੈਲ ਰਾਤ ਨੂੰ ਸਾਰੇ 13 ਵਿਦਿਆਰਥੀਆਂ ਦੀ ਮੁੱਢਲੀ ਸਿਹਤ ਜਾਂਚ ਤੋਂ ਬਾਅਦ ਸੈਂਪਿਗ ਕੀਤੀ ਗਈ ਸੀ। ਉਨ੍ਹਾਂ ਦੱਸਿਆ ਸੈਂਪਲ ਲੈਣ ਤੋਂ ਬਾਅਦ ਵਿਦਿਆਰਥੀਆਂ ਨੂੰ ਏਕਾਂਤਵਾਸ ਕੀਤਾ ਗਿਆ ਸੀ।

ਉਨ੍ਹਾਂ ਦੱਸਿਆ ਕਿ ਸਾਰੇ 13 ਵਿਦਿਆਰਥੀਆਂ ਦੇ ਲਏ ਗਏ ਨਮੂਨਿਆਂ ਦੀ ਰਿਪੋਰਟ ਨੈਗੇਟਿਵ ਆਈ ਹੈ ਜਿਸ ਕਰਕੇ ਇਨ੍ਹਾਂ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਘਰਾਂ ਵਿੱਚ ਏਕਾਂਤਵਾਸ ਵਿੱਚ ਰਹਿਣ ਦੀ ਹਦਾਇਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਦੂਜੇ ਰਾਜਾਂ ਤੋਂ ਆਉਣ ਵਾਲੇ ਹਰੇਕ ਵਿਅਕਤੀ ਦੀ ਮੁੱਢਲੀ ਜਾਂਚ ਤੋਂ ਬਾਅਦ ਸੈਂਪਿਗ ਯਕੀਨੀ ਬਣਾਈ ਜਾਵੇਗੀ ਤਾਂ ਜੋ ਕੋਵਿਡ-19 ਦੇ ਪ੍ਰਕੋਪ ਨੂੰ ਫੈਲਣ ਤੋਂ ਰੋਕਿਆ ਜਾ ਸਕੇ।

ਸਿਵਲ ਸਰਜਨ ਨੇ ਦੱਸਿਆ ਕਿ ਜ਼ਿਲ੍ਹੇ ਅੰਦਰ ਹੁਣ ਤੱਕ 523 ਸੈਂਪਲ ਲਏ ਗਏ ਹਨ ਜਿਨ੍ਹਾਂ ਵਿਚੋਂ 448 ਦੇ ਨਤੀਜਿਆਂ ਦੀ ਰਿਪੋਰਟ ਨੈਗੇਟਿਵ ਪਾਈ ਗਈ ਹੈ। ਉਨ੍ਹਾਂ ਕਿਹਾ ਕਿ 75 ਸੈਂਪਲਾਂ ਦੀ ਰਿਪੋਰਟ ਆਉਣੀ ਬਾਕੀ ਹੈ।